GOVERNMENT OF WESTERN AUSTRALIA

Working with Children Check

# Factsheet CAT02
# ਬੱਚਿਆਂ ਨਾਲ ਸੰਬੰਧਿਤ ਕੰਮ ਦੀਆਂ ਸ਼੍ਰੇਣੀਆਂ 2: ਕਮਿਉਨਿਟੀ ਕਿੰਡਰਗਾਰਟਨ

Punjabi | ਪੰਜਾਬੀ

*ਸਕੂਲ ਸਿੱਖਿਆ ਐਕਟ* 1999 ਦੇ ਭਾਗ 5 ਦੇ ਤਹਿਤ ਰਜਿਸਟਰਡ ਕਮਿਉਨਿਟੀ ਕਿੰਡਰਗਾਰਟਨ।

## ਬੱਚਿਆਂ ਨਾਲ ਸੰਬੰਧਿਤ ਕੰਮ ਵਿੱਚ ਨੌਕਰੀ-ਭੂਮਿਕਾਵਾਂ

ਬੱਚਿਆਂ ਨਾਲ ਸੰਬੰਧਿਤ ਕੰਮ ਵਿੱਚ ਮੰਨੀਆਂ ਜਾਣ ਵਾਲੀਆਂ ਨੌਕਰੀ-ਭੂਮਿਕਾਵਾਂ ਦੀਆਂ ਕੁੱਝ ਉਦਾਹਰਣਾਂ ਹੇਠਾਂ ਦਿੱਤੀਆਂ ਗਈਆਂ ਹਨ। ਕਿਰਪਾ ਕਰਕੇ ਧਿਆਨ ਦਿਓ ਕਿ ਸਾਰੇ ਮਾਮਲਿਆਂ ਵਿੱਚ, ਕਿਸੇ ਨੌਕਰੀ-ਭੂਮਿਕਾ ਨੂੰ ਬੱਚਿਆਂ ਨਾਲ ਸੰਬੰਧਿਤ ਕੰਮ ਵਿੱਚ ਮੰਨੇ ਜਾਣ ਲਈ ਉਸ ਭੂਮਿਕਾ ਦੇ **ਆਮ ਡਿਊਟੀਆਂ (usual duties)** ਵਿੱਚ **ਬੱਚੇ (child)** ਨਾਲ **ਸੰਪਰਕ (contact)** ਕਰਨਾ ਲਾਜ਼ਮੀ ਹੋਣਾ, ਜਾਂ ਸੰਪਰਕ ਹੋਣ ਦੀ ਸੰਭਾਵਨਾ ਸ਼ਾਮਲ ਹੋਣੀ ਚਾਹੀਦੀ ਹੈ। ਨੌਕਰੀ-ਭੂਮਿਕਾਵਾਂ ਵਿੱਚ ਸ਼ਾਮਲ ਹਨ:

- ਅਧਿਆਪਕ ਅਤੇ ਸਿੱਖਿਆ ਸਹਾਇਕ
- 18 ਸਾਲ ਤੋਂ ਵੱਧ ਉਮਰ ਦੇ ਪਲੇਸਮੈਂਟ ਕਰ ਰਹੇ **ਵਿਦਿਆਰਥੀ (students)**
- ਗ਼ੈਰ-ਅਧਿਆਪਨ ਸਟਾਫ਼, ਜਿਸ ਵਿੱਚ ਮਾਲੀ, ਸਫ਼ਾਈ-ਸੇਵਕ ਅਤੇ ਰਸੋਈਏ ਸ਼ਾਮਲ ਹਨ, ਜਿਨ੍ਹਾਂ ਦਾ ਰੁਜ਼ਗਾਰ ਕਿੰਡਰਗਾਰਟਨ ਦੇ ਕੰਮਕਾਜੀ ਸਮੇਂ ਦੌਰਾਨ ਕਮਿਉਨਿਟੀ ਕਿੰਡਰਗਾਰਟਨ ਵਿੱਚ ਹੁੰਦਾ ਹੈ ਅਤੇ ਜਿਨ੍ਹਾਂ ਦੀਆਂ ਆਮ ਡਿਊਟੀਆਂ ਵਿੱਚ ਬੱਚਿਆਂ ਨਾਲ ਸੰਪਰਕ ਸ਼ਾਮਲ ਹੁੰਦਾ ਹੈ ਜੋ ਕਿ **ਇਤਫਾਕਨ (incidental)** ਤੋਂ ਵੱਧ ਹੁੰਦਾ ਹੈ।
- ਮਨੋਰੰਜਕ ਗਤੀਵਿਧੀ ਪ੍ਰਦਾਤੇ, ਉਦਾਹਰਨ ਲਈ ਨਾਚ ਜਾਂ ਕਲਾ ਸਿਖਲਾਈ ਕਰਤਾ, ਜੋ ਬੱਚਿਆਂ ਨਾਲ ਅਜਿਹੀਆਂ ਗਤੀਵਿਧੀਆਂ ਕਰਨ ਲਈ ਸਹੂਲਤ ਅੰਦਰ ਆਉਂਦੇ ਹਨ।

## ਛੋਟਾਂ

ਇਸ ਸ਼੍ਰੇਣੀ 'ਤੇ ਹੇਠ ਲਿਖੀਆਂ ਛੋਟਾਂ ਲਾਗੂ ਹੁੰਦੀਆਂ ਹਨ:

- 18 ਸਾਲ ਤੋਂ ਘੱਟ ਉਮਰ ਦੇ ਬਾਲ **ਵਾਲੰਟੀਅਰ (volunteers)**

- 18 ਸਾਲ ਤੋਂ ਘੱਟ ਉਮਰ ਦੇ ਵੇਤਨ-ਰਹਿਤ ਪਲੇਸਮੈਂਟ ਕਰ ਰਹੇ ਵਿਦਿਆਰਥੀ
- WA ਵਿੱਚ **ਥੋੜ੍ਹੇ ਸਮੇਂ ਲਈ ਆਏ ਸੈਲਾਨੀ (short-term visitors)**

ਉਸ ਕਿੰਡਰਗਾਰਟਨ ਵਿੱਚ ਕਿਸੇ **ਮਾਤਾ ਜਾਂ ਪਿਤਾ (parent)** ਵੱਲੋਂ ਵਲੰਟੀਅਰ ਕਰਨਾ ਜਿਸ ਵਿੱਚ ਉਨ੍ਹਾਂ ਦਾ ਬੱਚਾ ਜਾਂਦਾ ਹੈ, Factsheet CRW03 - ਛੋਟਾਂ, ਮਾਤਾ-ਪਿਤਾ ਵੱਲੋਂ ਵਾਲੰਟੀਅਰ ਕਰਨ ਦੀ ਛੋਟ ਵੇਖੋ।

**ਮੋਟੇ ਅੱਖਰਾਂ ਵਾਲੇ** ਸ਼ਬਦਾਂ ਦੀ ਪਰਿਭਾਸ਼ਾ www.workingwithchildren.wa.gov.au ' ਤੇ ਵਰਕਿੰਗ ਵਿਦ ਚਿਲਡਰਨ ਚੈੱਕ ਸ਼ਬਦਾਵਲੀ ਵਿੱਚ ਲੱਭੀ ਜਾ ਸਕਦੀ ਹੈ।